# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 19-08-2024**

- ਕੇਂਦਰੀ ਖਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਨੇ ਅੱਜ ਨਵੀਂ ਦਿੱਲੀ ਵਿਖੇ, ਜਨਤਕ ਖੇਤਰ ਦੇ ਬੈਂਕਾਂ ਦੀ ਕਾਰਗੁਜ਼ਾਰੀ ਬਾਰੇ ਇੱਕ ਸਮੀਖਿਆ ਮੀਟਿੰਗ ਕੀਤੀ।
- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ, ਪੁਲਿਸ ਕਲੀਰੈਂਸ ਸਰਟੀਫਿਕੇਟ ਜਾਰੀ ਕਰਨ ਵਿਚ ਤੇਜ਼ੀ ਲਿਆਉਣ ਅਤੇ ਵਿਦੇਸ਼ਾਂ ਵਿਚ ਫਸੇ ਪੰਜਾਬੀਆਂ ਦੀ ਵਾਪਸੀ ਲਈ, ਖੇਤਰੀ ਪਾਸਪੋਰਟ ਦਫਤਰਾਂ ਨੂੰ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ।
- ਪੰਜਾਬ ਸਰਕਾਰ ਵੱਲੋਂ ਅੱਜ ਤੋਂ 23 ਅਗਸਤ ਤੱਕ ਨਗਰ ਕੌਂਸਲਾਂ ਤੇ ਨਗਰ ਪੰਚਾਇਤ ਵਿਖੇ, ਵਿਸ਼ੇਸ਼ ਸਫਾਈ ਮੁਹਿੰਮ ਚਲਾਈ ਜਾ ਰਹੀ ਏ।

- ਭੈਣ-ਭਰਾ ਦੇ ਪਿਆਰ ਦਾ ਪ੍ਰਤੀਕ, ਰੱਖੜੀ ਦਾ ਤਿਉਹਾਰ, ਅੱਜ ਪੰਜਾਬ ਸਮੇਤ ਦੇਸ਼ ਭਰ 'ਚ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ - ਸੂਬੇ ਵਿਚ ਵੱਖ ਵੱਖ ਸਮਾਗਮ ਕਰਵਾਏ ਗਏ।

---

ਕੇਂਦਰੀ ਖਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਨੇ ਅੱਜ ਨਵੀਂ ਦਿੱਲੀ ਵਿਖੇ ਇੱਕ ਮੀਟਿੰਗ ਦੌਰਾਨ, ਜਨਤਕ ਖੇਤਰ ਦੇ ਬੈਂਕਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕੀਤੀ। ਇਸ ਵਿੱਚ ਮਾਲੀ ਸੇਵਾਵਾਂ ਵਿਭਾਗ ਦੇ ਸਕੱਤਰ ਡਾ. ਵਿਵੇਕ ਜੋਸ਼ੀ, ਜਨਤਕ ਖੇਤਰ ਦੇ ਬੈਂਕਾਂ ਦੇ ਪ੍ਰਬੰਧ ਨਿਦੇਸ਼ਕ, ਮੁੱਖ ਕਾਰਜਕਾਰੀ ਅਧਿਕਾਰੀ ਅਤੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਰਹੇ। ਮੀਟਿੰਗ ਦੌਰਾਨ, ਨਿਰਮਲਾ ਸੀਤਾਰਮਨ ਨੇ ਜਮ੍ਹਾ ਰਕਮਾਂ 'ਚ ਵਾਧੇ, ਕਰਜ਼ ਤੋਂ ਜਮਾਂ ਰਕਮ ਦੇ ਅਨੁਪਾਤ , ਅਤੇ ਅਸਾਸੇ ਦੀ ਗੁਣਵੱਤਾ ਦੀ ਸਮੀਖਿਆ ਕੀਤੀ, ਜੋ ਬੈਂਕਾਂ ਦੀ ਸਥਿਤੀ ਲਈ ਮਹੱਤਵਪੂਰਨ ਸੂਚਕ ਨੇ। ਵਿੱਤ ਮੰਤਰੀ ਨੇ ਸਰਕਾਰੀ ਪਹਿਲਕਦਮੀਆਂ ਜਿਵੇਂ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ, ਪ੍ਰਧਾਨ ਮੰਤਰੀ ਸੂਰਿਆ ਘਰ ਅਤੇ ਪ੍ਰਧਾਨ ਮੰਤਰੀ ਵਿਸ਼ਵਕਰਮਾ ਯੋਜਨਾਵਾਂ ਤਹਿਤ ਜਨਤਕ ਖੇਤਰ ਦੇ ਬੈਂਕਾਂ ਦੀ

ਕਾਰਗੁਜ਼ਾਰੀ ਦਾ ਮੁਲਾਂਕਣ ਵੀ ਕੀਤਾ। ਮੋਦੀ ਸਰਕਾਰ ਦੇ ਤੀਜੇ ਕਾਰਜਕਾਲ ਵਿੱਚ ਵਿੱਤ ਮੰਤਰੀ ਵਜੋਂ ਅਹੁਦਾ ਸੰਭਾਲਣ ਤੋਂ ਬਾਅਦ ਸ਼੍ਰੀਮਤੀ ਸੀਤਾਰਮਨ ਦੀ ਬੈਂਕਾਂ ਦੀ ਇਹ ਪਹਿਲੀ ਸਮੀਖਿਆ ਮੀਟਿੰਗ ਏ. ਬਾਅਦ ਵਿੱਚ, ਵਿੱਤ ਮੰਤਰੀ ਖੇਤਰੀ ਦਿਹਾਤੀ ਬੈਂਕਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਵੀ ਕਰਨਗੇ ।

-------------------------------------------------------

ਪੰਜਾਬ ਤੋਂ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਅੱਜ ਦੁਆਬਾ ਖੇਤਰ ਦੇ ਲੋਕਾਂ ਨੂੰ ਪਾਸਪੋਰਟ ਸੇਵਾ ਨਾਲ ਸਬੰਧਿਤ ਮੁਸ਼ਕਿਲਾਂ ਬਾਰੇ ਜਲੰਧਰ ਦੇ ਖੇਤਰੀ ਪਾਸਪੋਰਟ ਅਧਿਕਾਰੀ ਅਭਿਸ਼ੇਕ ਸ਼ਰਮਾ ਨਾਲ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਵਿਦੇਸ਼ ਜਾਣ ਨਾਲ ਸਬੰਧਿਤ ਪੁਲਿਸ ਕਲੀਰੈਂਸ ਸਰਟੀਫਿਕੇਟ-ਪੀ.ਸੀ.ਸੀ. ਜਲਦ ਜਾਰੀ ਕਰਨ ਲਈ ਢੁਕਵੇਂ ਪ੍ਰਬੰਧ ਕੀਤੇ ਜਾਣ। ਖੇਤਰੀ ਪਾਸਪੋਰਟ ਦਫਤਰ ਜਲੰਧਰ ਵਿਖੇ ਮੀਟਿੰਗ ਦੌਰਾਨ ਰਾਜ ਸਭਾ ਮੈਂਬਰ ਨੇ ਕਿਹਾ ਕਿ ਦੁਆਬਾ ਖੇਤਰ ਵਿਚ ਵੱਡੀ ਪੱਧਰ ’ਤੇ ਲੋਕ ਵਿਦੇਸ਼ ਵਿਚ ਵਸਦੇ ਨੇ, ਜਿਸ ਕਰਕੇ ਉਨ੍ਹਾਂ ਨੂੰ ਵਿਦੇਸ਼ ਆਉਣ-ਜਾਣ ਲਈ ਅਨੇਕਾਂ ਮਾਮਲਿਆਂ ਵਿਚ ਪੀ.ਸੀ.ਸੀ. ਦੀ ਲੋੜ ਪੈਂਦੀ

ਏ।ਰਾਜ ਸਭਾ ਮੈਂਬਰ ਨੇ ਕਿਹਾ ਕਿ ਪੀ.ਸੀ.ਸੀ. ਪ੍ਰਕ੍ਰਿਆ ਦੇ ਬਹੁਤ ਲੰਮੀ ਤੇ ਉਲਝਣ ਵਾਲੀ ਹੋਣ ਕਾਰਨ ਲੋਕਾਂ ਨੂੰ ਵੱਡੀ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਏ, ਜਿਸਨੂੰ ਖੇਤਰੀ ਪਾਸਪੋਰਟ ਦਫਤਰ ਤੇ ਬਾਕੀ ਸਬੰਧਿਤ ਵਿਭਾਗ ਮਿਲਕੇ ਦੂਰ ਕਰ ਸਕਦੇ ਨੇ। ਉਨ੍ਹਾਂ ਧੋਖੇਬਾਜ ਏਜੰਟਾਂ ਕਰਕੇ ਵਿਦੇਸ਼ਾਂ ਵਿਚ ਫਸੇ ਲੜਕੇ ਤੇ ਵਿਸ਼ੇਸ਼ ਕਰਕੇ ਲੜਕੀਆਂ ਦੀ ਵਤਨ ਵਾਪਸੀ ਲਈ ਵੀ ਪਾਸਪੋਰਟ ਦਫਤਰ ਨੂੰ ਹੋਰ ਅਹਿਮ ਭੂਮਿਕਾ ਨਿਭਾਉਣ ਦਾ ਸੱਦਾ ਵੀ ਦਿੱਤਾ।

-----------------------------------------------------

ਟੈਰੀਟੋਰੀਅਲ ਆਰਮੀ ਦੀ ਪਲੈਟੀਨਮ ਜੁਬਲੀ ਦੇ ਮੌਕੇ 'ਤੇ ਕਾਰਵਾਈ ਗਈ ਇੱਕ ਸਾਈਕਲ ਮੁਹਿੰਮ ਨੂੰ ਵੀਰ ਸਮ੍ਰਿਤੀ ਜੰਗੀ ਯਾਦਗਾਰ, ਚੰਡੀਮੰਦਰ ਮਿਲਟਰੀ ਸਟੇਸ਼ਨ ਤੋਂ, ਮੇਜਰ ਜਨਰਲ ਪੁਨੀਤ ਆਹੂਜਾ, ਮੇਜਰ ਜਨਰਲ ਜਨਰਲ ਸਟਾਫ- ਓਪਰੇਸ਼ਨਜ਼ ਨੇ ਝੰਡੀ ਦੇ ਕੇ ਕੌਮੀ ਜੰਗੀ ਯਾਦਗਾਰ ਨਵੀਂ ਦਿੱਲੀ ਲਈ ਰਵਾਨਾ ਕੀਤਾ। ਟੈਰੀਟੋਰੀਅਲ ਆਰਮੀ ਨੇ ਰਾਸ਼ਟਰ ਨੂੰ ਆਪਣੀ ਸਮਰਪਿਤ ਸੇਵਾ ਦੇ 75 ਸਾਲ ਪੂਰੇ ਹੋਣ ਮੌਕੇ, ਇਸ ਇਤਿਹਾਸਕ ਮੁਹਿੰਮ ਦਾ ਆਯੋਜਨ ਕੀਤਾ ਏ ਵਿਸ਼ਵ ਦੇ

ਸਭ ਤੋਂ ਉੱਚੇ ਖੇਤਰ ਸਿਆਚਿਨ ਗਲੇਸ਼ੀਅਰ ਦੀਆਂ ਬਰਫੀਲੀਆਂ ਉਚਾਈਆਂ ਤੋਂ ਸ਼ੁਰੂ ਹੋਈ ਇਸ ਮੁਹਿੰਮ ਨੇ ਕੁਝ ਸਭ ਤੋਂ ਚੁਣੌਤੀਪੂਰਨ ਅਤੇ ਔਖੇ ਪੜਾਅ ਪਾਰ ਕੀਤੇ ਅਤੇ ਭਾਰਤ ਦੇ ਸਭ ਤੋਂ ਦੱਖਣੀ ਸਿਰੇ ਇੰਦਰਾ ਪੁਆਇੰਟ ਤੱਕ ਪੁੱਜਣ ਦੌਰਾਨ, ਇਸ ਮੁਹਿੰਮ ਵਿੱਚ ਸਾਈਕਲਿੰਗ, ਸਮੁੰਦਰੀ ਸਫ਼ਰ ਅਤੇ ਸਕੂਬਾ ਡਾਈਵਿੰਗ ਜਿਹੀਆਂ ਗਤੀਵਿਧੀਆਂ ਕਰਨਾ ਸ਼ਾਮਲ ਏ। ਮੁਹਿੰਮ ਦੀ ਟੀਮ ਜੰਮੂ-ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਰਾਜਾਂ ਵਿੱਚੋਂ ਹੁੰਦੀ ਹੋਈ 865 ਕਿਲੋਮੀਟਰ ਦੀ ਦੂਰੀ ਤੈਅ ਕਰਕੇ ਚੰਡੀਗੜ੍ਹ ਪਹੁੰਚੀ । ਟੀਮ ਨੇ ਵੀਰ ਸਮ੍ਰਿਤੀ ਜੰਗੀ ਯਾਦਗਾਰ ਵਿਖੇ ਵਿਖੇ ਜੰਗੀ ਨਾਇਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਮੇਜਰ ਜਨਰਲ ਪੁਨੀਤ ਆਹੂਜਾ ਨੇ ਆਰਮੀ ਕਮਾਂਡ , ਪੱਛਮੀ ਕਮਾਂਡ ਅਤੇ ਸਾਰੇ ਰੈਂਕ ਦੀ ਤਰਫੋਂ, ਟੁਕੜੀ ਨੂੰ ਅੱਗੇ ਦੀ ਯਾਤਰਾ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਮੇਜਰ ਅਭਿਨਵ ਰਾਵਤ ਦੀ ਅਗਵਾਈ ਵਿੱਚ ਸਾਈਕਲ ਸਵਾਰਾਂ ਦੀ ਟੀਮ, ਜਿਸ ਵਿੱਚ 2 ਅਫਸਰ, 3 ਜੂਨੀਅਰ ਕਮਿਸ਼ਨਡ ਅਫਸਰ ਅਤੇ ਵੱਖ-ਵੱਖ ਯੂਨਿਟਾਂ ਦੇ 16 ਹੋਰ ਰੈਂਕ ਦੇ ਮੈਂਬਰ ਸ਼ਾਮਲ ਨੇ ।

---------------------------------------------------------------

ਪੰਜਾਬ ਸਰਕਾਰ ਵੱਲੋਂ ਅੱਜ ਤੋਂ 23 ਅਗਸਤ ਤੱਕ ਨਗਰ ਕੌਂਸਲਾਂ ਤੇ ਨਗਰ ਪੰਚਾਇਤ ਵਿਖੇ ਵਿਸ਼ੇਸ਼ ਸਫਾਈ ਮੁਹਿੰਮ ਚਲਾਈ ਜਾ ਰਹੀ ਏ । ਫਾਜਿਲਕਾ ਦੇ ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਕਿਹਾ ਕਿ ਸਾਰਿਆਂ ਨੂੰ ਸਾਫ-ਸਫਾਈ ਦਾ ਮਹੱਤਵ ਸਮਝਣਾ ਚਾਹੀਦਾ ਏ । ਡਾ. ਸੇਨੂ ਦੁੱਗਲ ਨੇ ਕਿਹਾ ਕਿ ਇਸ ਵਿਸ਼ੇਸ਼ ਮੁਹਿੰਮ ਦੌਰਾਨ ਨਗਰ ਕੌਂਸਲ ਫਾਜ਼ਿਲਕਾ ਤੇ ਜਲਾਲਾਬਾਦ ਅਤੇ ਨਗਰ ਪੰਚਾਇਤ ਅਰਨੀਵਾਲਾ ਦੇ ਸਟਾਫ ਵੱਲੋਂ ਕੂੜੇ ਵਾਲੀਆਂ ਥਾਵਾਂ ਨੂੰ ਪੱਕੇ ਤੌਰ 'ਤੇ ਹਟਾਉਣ ਦੇ ਨਾਲ-ਨਾਲ ਕੂੜੇ ਪ੍ਰਬੰਧਨ ਅਤੇ ਸ਼ਹਿਰ ਵਾਸੀਆ ਨੂੰ ਸਾਫ-ਸਫਾਈ ਮਹੱਤਤਾ ਸਬੰਧੀ ਪ੍ਰੇਰਿਤ ਕਰਨ ਲਈ ਜਾਗਰੂਕਤਾ ਗਤੀਵਿਧੀਆਂ ਵੀ ਕਰਵਾਈਆਂ ਜਾਣਗੀਆਂ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਮੁਹਿੰਮ ਨੂੰ ਸਫਲ ਬਣਾਉਣ ਵਿਚ ਵੱਧ ਚੜ ਕੇ ਯੋਗਦਾਨ ਪਾਇਆ ਜਾਵੇ ਅਤੇ ਸ਼ਹਿਰਾਂ ਨੂੰ ਸਾਫ-ਸੁਥਰਾ ਰੱਖਣ ਵਿਚ ਨਗਰ ਕੌਂਸਲਾਂ ਅਤੇ ਨਗਰ ਪੰਚਾਇਤ ਦੇ ਸਮੂਹ ਸਟਾਫ ਦਾ ਸਹਿਯੋਗ ਦਿੱਤਾ ਜਾਵੇ।

----------------------------------------------------

ਰੱਖੜੀ ਦਾ ਤਿਉਹਾਰ ਅੱਜ ਪੰਜਾਬ ਸਮੇਤ ਦੇਸ਼ ਭਰ 'ਚ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਇਸ ਮੌਕੇ ਭੈਣਾਂ ਆਪਣੇ ਭਰਾਵਾਂ ਦੇ ਗੁੱਟ 'ਤੇ ਰੰਗਦਾਰ ਰੱਖੜੀਆਂ ਬੰਨ੍ਹਦੀਆਂ ਨੇ ਅਤੇ ਉਨ੍ਹਾਂ ਦੀ ਖੁਸ਼ਹਾਲੀ, ਸਿਹਤ ਅਤੇ ਤੰਦਰੁਸਤੀ ਲਈ ਦੁਆ ਕਰਦੀਆਂ ਨੇ। ਭਰਾ ਆਪਣੀਆਂ ਭੈਣਾਂ ਦੀ ਰੱਖਿਆ ਅਤੇ ਮਦਦ ਕਰਨ ਦਾ ਵਾਅਦਾ ਕਰਦੇ ਨੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ-ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਰੱਖੜੀ ਦੇ ਤਿਓਹਾਰ ਦੀ ਵਧਾਈ ਦਿੱਤੀ ਏ। ਰਾਸ਼ਟਰਪਤੀ ਨੇ ਕਿਹਾ ਕਿ ਰੱਖੜੀ ਭੈਣ-ਭਰਾ ਦੇ ਵਿਲੱਖਣ ਰਿਸ਼ਤੇ ਦਾ ਤਿਉਹਾਰ ਏ। ਇਹ ਤਿਉਹਾਰ ਭੈਣਾਂ-ਭਰਾਵਾਂ ਵਿਚਕਾਰ ਵਿਸ਼ਵਾਸ ਅਤੇ ਪਿਆਰ ਨੂੰ ਮਜ਼ਬੂਤ ਕਰਦਾ ਏ। ਉਪ-ਰਾਸ਼ਟਰਪਤੀ ਨੇ ਲੋਕਾਂ ਨੂੰ ਵਧਾਈ ਦਿਦਿਆਂ, ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਧਨਖੜ ਨੇ ਕਿਹਾ ਕਿ ਇਹ ਤਿਉਹਾਰ, ਭੈਣਾਂ-ਭਰਾਵਾਂ ਵਿਚਕਾਰ ਪਵਿੱਤਰ ਬੰਧਨ ਦਾ ਜਸ਼ਨ, ਇੱਕ ਦੂਜੇ ਹਿਮਾਇਤ ਅਤੇ ਕਦਰ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ। ਇਸ ਸ਼ੁਭ ਮੌਕੇ 'ਤੇ, ਉਪ

ਰਾਸ਼ਟਰਪਤੀ ਨੇ ਸਾਰਿਆਂ ਨੂੰ ਔਰਤਾਂ ਦੀ ਇੱਜ਼ਤ ਅਤੇ ਸਨਮਾਨ ਨੂੰ ਬਰਕਰਾਰ ਰੱਖਣ ਲਈ ਵਚਨਬੱਧ ਹੋਣ ਦੀ ਅਪੀਲ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਰੱਖੜੀ ਦੇ ਤਿਓਹਾਰ ਮੌਕੇ, ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਾਮਨਾ ਕੀਤੀ ਕਿ ਇਹ ਪਵਿੱਤਰ ਤਿਉਹਾਰ, ਲੋਕਾਂ ਦੇ ਜੀਵਨ ਅਤੇ ਰਿਸ਼ਤਿਆਂ ਵਿੱਚ ਮਿਠਾਸ, ਖੁਸ਼ਹਾਲੀ ਤੇ ਚੰਗੀ ਕਿਸਮਤ ਲਿਆਵੇਗਾ ।

---------------------------------------------------------------

ਪੰਜਾਬ ਵਿਚ ਵੀ ਅੱਜ ਰੱਖੜੀ ਦਾ ਤਿਓਹਾਰ ਖੁਸ਼ੀਆਂ ਚਾਵਾਂ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਵੱਖ ਵੱਖ ਜ਼ਿਲਿਆਂ ਵਿਚ ਇਸ ਮੌਕੇ ਸਮਾਗਮ ਕੀਤੇ ਗਏ। ਜਲੰਧਰ ਸਥਿਤ 114 ਬਟਾਲੀਅਨ ਰੈਪਿਡ ਐਕਸ਼ਨ ਫੋਰਸ ਵਿਖੇ, ਬ੍ਰਹਮ ਕੁਮਾਰੀਜ਼ ਕਰਤਾਰਪੁਰ ਵੱਲੋਂ ਰੱਖੜੀ ਦੇ ਪਵਿੱਤਰ ਤਿਉਹਾਰ ’ਤੇ ਇੱਕ ਵਿਸ਼ੇਸ਼ ਪ੍ਰੋਗਰਾਮ ਕਵੀ ਗਿਆ। ਇਸ ਮੌਕੇ ਬ੍ਰਹਮ ਕੁਮਾਰੀਆਂ ਦੀਆਂ ਭੈਣਾਂ ਨੇ ਜਵਾਨਾਂ ਨੂੰ ਰੱਖੜੀਆਂ ਬੰਨ੍ਹ ਕੇ, ਉਨ੍ਹਾਂ ਪ੍ਰਤੀ ਸ਼ਰਧਾ ਅਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ। 114 ਬਟਾਲੀਅਨ ਰੈਪਿਡ ਐਕਸ਼ਨ ਫੋਰਸ ਦੇ ਕਮਾਂਡੈਂਟ, ਅਸ਼ਵਨੀ ਕੁਮਾਰ ਛਾਅ

ਨੇ, ਆਪਸੀ ਭਾਈਚਾਰੇ ਅਤੇ ਸਦਭਾਵਨਾ ਨੂੰ ਵਧਾਉਣ ਲਈ ਬ੍ਰਹਮ ਕੁਮਾਰੀਆਂ ਦੇ ਕੰਮ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਅਜਿਹੇ ਤਿਓਹਾਰ ਅਤੇ ਸਮਾਗਮ, ਨਾ ਸਿਰਫ਼ ਸਾਡੇ ਸੈਨਿਕਾਂ ਦਾ ਮਨੋਬਲ ਵਧਾਉਂਦੇ ਨੇ, ਬਲਕਿ ਸਮਾਜ ਵਿੱਚ ਸ਼ਾਂਤੀ ਅਤੇ ਸਦਭਾਵਨਾ ਦੀ ਭਾਵਨਾ ਨੂੰ ਵੀ ਉਤਸ਼ਾਹਿਤ ਕਰਦੇ ਨੇ। ਬ੍ਰਹਮ ਕੁਮਾਰੀਆਂ ਵੱਲੋਂ ਭੈਣ ਸੀਮਾ ਨੇ ਕਿਹਾ ਕਿ ਰੱਖੜੀ ਦਾ ਤਿਉਹਾਰ ਸਾਨੂੰ ਇੱਕ ਦੂਜੇ ਪ੍ਰਤੀ ਪਿਆਰ, ਸਮਰਪਣ ਅਤੇ ਫਰਜ਼ ਦੀ ਯਾਦ ਦਿਵਾਉਂਦਾ ਏ।

---------------------------------------------------

ਓਧਰ ਅੰਮ੍ਰਿਤਸਰ ਵਿਖੇ ਪੰਜਾਬ ਦੀ ਸਾਬਕਾ ਸਿਹਤ ਮੰਤਰੀ ਲਕਸ਼ਮੀ ਕਾਂਤਾ ਚਾਵਲਾ ਵਲੋਂ ਹਰ ਸਾਲ ਦੀ ਤਰਾ ਇਸ ਸਾਲ ਵੀ ਅਟਾਰੀ ਵਾਹਗਾ ਸਰਹੱਦ ਤੇ ਡਿਉਟੀ ਨਿਭਾ ਰਹੇ ਅਤੇ ਪਰਿਵਾਰਾਂ ਤੋਂ ਦੂਰ ਸਰਹੱਦਾਂ ਦੀ ਰਾਖੀ ਕਰਨ ਵਾਲੇ ਜਵਾਨਾਂ ਦੇ ਗੁੱਟ ਤੇ ਰੱਖੜੀ ਬਨੀ ਅਤੇ ਉਨ੍ਹਾਂ ਦੀ ਲੰਮੀ ਉਮਰ ਦੀ ਕਾਮਨਾ ਕੀਤੀ ਇਸ ਮੌਕੇ ਉਹਨਾ ਨਾਲ ਵੱਖ ਵੱਖ ਸਕੂਲਾਂ ਦੀਆਂ ਵਿਦਿਆਰਥਣਾਂ ਤੋਂ ਇਲਾਵਾ ਸਮਾਜ ਸੇਵੀ ਸੰਸਥਾਵਾਂ ਦੀ ਮੈਬਰਾਂ ਵੀ ਮੌਜੂਦ ਰਹੇ।

ਬੀ.ਐਸ.ਐਫ ਅਧਿਕਾਰੀਆ ਅਤੇ ਜਵਾਨਾਂ ਨੇ ਕਿਹਾ ਕਿ ਉਹ ਸਾਰੇ ਅੱਜ ਆਪਣੇ ਘਰਾਂ ਤੋਂ ਦੂਰ ਬੈਠੇ ਨੇ ਤੇ ਅੱਜ ਭੈਣਾਂ ਕੋਲੋਂ ਰੱਖੜੀ ਬਣਵਾ ਕੇ ਉਨ੍ਹਾਂ ਨੂੰ ਬਹੁਤ ਚੰਗਾ ਲਗਿਆ ਤੇ ਖੁਸ਼ੀ ਹੋਈ ਏ।

-----------------------------------------------------------

ਓਧਰ ਪੰਜਾਬ ਦੇ ਕਪੂਰਥਲਾ ਦੀ ਰਹਿਣ ਵਾਲੀ ਅਕਸ਼ਰ ਮਹਿਤਾ ਅਤੇ ਬਠਿੰਡਾ ਦੇ ਪਿੰਡ ਕੋਟ ਸ਼ਮੀਰ ਦੇ ਵਾਸੀ ਪਿਆਰਾ ਸਿੰਘ ਨੇ, ਰੱਖੜੀ ਦੇ ਤਿਓਹਾਰ ਮੌਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੁਝ ਵੱਖਰੇ ਢੰਗ ਨਾਲ ਕੀਤਾ।

-----------------------------------------------------------

ਕੇਂਦਰੀ ਜੇਲ੍ਹ ਪਟਿਆਲਾ ਦੇ ਨਾਲ ਨਾਲ ਨਵੀਂ ਜ਼ਿਲ੍ਹਾ ਜੇਲ੍ਹ ਨਾਭਾ ਅਤੇ ਓਪਨ ਜੇਲ੍ਹ ਨਾਭਾ ਵਿਖੇ ਵੀ ਰੱਖੜੀ ਦਾ ਸ਼ੁਭ ਤਿਉਹਾਰ ਮਨਾਇਆ ਗਿਆ। ਕੇਂਦਰੀ ਜੇਲ੍ਹ ਪਟਿਆਲਾ ਦੇ ਸੁਪਰਡੈਂਟ ਮਨਜੀਤ ਸਿੰਘ ਸਿੱਧੂ ਨੇ ਦੱਸਿਆ ਕਿ ਜੇਲ੍ਹ ਨਿਯਮਾਂ ਮੁਤਾਬਕ ਬੰਦੀਆਂ ਨੂੰ ਉਨ੍ਹਾਂ ਦੀਆਂ ਭੈਣਾਂ ਵੱਲੋਂ ਰੱਖੜੀ ਬੰਨ੍ਹੇ ਜਾਣ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ। ਉਨ੍ਹਾਂ ਦੱਸਿਆ ਕਿ ਪ੍ਰਸ਼ਾਸਕੀ ਬਲਾਕ ਵਿੱਚ ਕੈਦੀਆਂ ਨੂੰ ਉਨ੍ਹਾਂ ਦੀਆਂ ਭੈਣਾਂ ਅਤੇ ਭਰਾਵਾਂ ਨਾਲ ਸਕਾਰਾਤਮਕ ਮਾਹੌਲ ਵਿੱਚ ਮਿਲਣ ਦੀ ਸਹੂਲਤ ਪ੍ਰਦਾਨ ਕੀਤੀ।

ਉਨ੍ਹਾਂ ਕਿਹਾ ਕਿ ਅਜਿਹੇ ਤਿਉਹਾਰ ਕੈਦੀਆਂ ਵਿੱਚ ਸੱਚੇ ਸੁਧਾਰ ਦੀ ਸ਼ੁਰੂਆਤ ਕਰਨ ਦੇ ਨਾਲ-ਨਾਲ ਪਰਿਵਾਰਾਂ ਨੂੰ ਆਪਣੇ ਅਜ਼ੀਜ਼ਾਂ ਨੂੰ ਮਿਲਣ ਦਾ ਮੌਕਾ ਦਿੰਦੇ ਨੇ ।ਓਧਰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਡਿਪਟੀ ਕਮਿਸ਼ਨਰ ਰਾਜੇਸ਼ ਤ੍ਰਿਪਾਠੀ ਨੇ ਅੱਜ ਆਪਣੇ ਦਫਤਰ ਵਿਖੇ ਕੰਮ ਕਰਨ ਵਾਲੀਆਂ ਔਰਤ ਮੁਲਾਜ਼ਮਾਂ ਤੋਂ ਰੱਖੜੀ ਦੇ ਤਿਉਹਾਰ ਮੌਕੇ ਰੱਖੜੀ ਬਣਵਾਈ,ਸਾਰਿਆਂ ਦਾ ਮੂੰਹ ਮਿੱਠਾ ਵੀ ਕਰਵਾਇਆ ਗਿਆ।

---------------------------------------------------------------

ਏਧਰ ਪਠਾਨਕੋਟ ਸਬ ਜੇਲ ਵਿਚ ਵੀ ਰੱਖੜੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ। ਜੇਲ੍ਹ ਅੰਦਰ ਹੀ ਭੈਣਾਂ ਲਈ ਮਠਿਆਈ ਦਾ ਪ੍ਰਬੰਧ ਕੀਤਾ ਗਿਆ ਸੀ, ਜਿੱਥੇ ਭੈਣਾਂ ਨੇ ਆਪਣੇ ਭਰਾਵਾਂ ਦੇ ਗੁੱਟ 'ਤੇ ਰੱਖੜੀ ਬੰਨ੍ਹੀ ਅਤੇ ਉਨ੍ਹਾਂ ਦੀ ਲੰਬੀ ਉਮਰ ਦੀ ਕਾਮਨਾ ਕੀਤੀ।

---------------------------------------------------------------

ਗਤਕਾ ਫੈਡਰੇਸ਼ਨ ਆਫ ਇੰਡੀਆ ਵੱਲੋਂ ਇੱਕ 7 ਰੋਜ਼ਾ ਗਤਕਾ ਰੈਫਰੀ ਟ੍ਰੇਨਿੰਗ ਕੈਂਪ ਦੀ ਸ਼ੁਰੂਆਤ ਅੱਜ ਐਨ.ਆਈ.ਐਸ. ਪਟਿਆਲਾ ਵਿਖੇ ਕੀਤੀ ਗਈ । ਇਸ ਕੈਂਪ ਦੇ ਉਦਘਾਟਨੀ ਸਮਾਗਮ ਵਿੱਚ ਮੁੱਖ

ਮਹਿਮਾਨ, ਪਟਿਆਲਾ ਰੇਂਜ ਦੇ ਡੀ.ਆਈ.ਜੀ ਅਤੇ ਪ੍ਰਧਾਨ ਗਤਕਾ ਫੈਡਰੇਸ਼ਨ ਆਫ ਇੰਡੀਆ ਹਰਚਰਨ ਸਿੰਘ ਭੁੱਲਰ ਨੇ ਭਾਰਤ ਦੇ 13 ਸੂਬਿਆਂ ਤੋਂ ਆਏ 80 ਉਮੀਦਵਾਰਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਕਿਸੇ ਵੀ ਖੇਡ ਲਈ ਜਰੂਰੀ ਏ ਕਿ ਉਸਦੇ ਰੈਫਰੀ ਅਤੇ ਜੱਜ ਉਸ ਖੇਡ ਦੀਆਂ ਬਾਰੀਕੀਆਂ ਤੋਂ ਜਾਣੂ ਹੋਣ ਅਤੇ ਬਿਨਾਂ ਕਿਸੇ ਪੱਖਪਾਤ ਦੇ ਫੈਸਲਾ ਦੇਣ। ਉਹਨਾਂ ਕਿਹਾ ਕਿ ਯਕੀਨਨ ਜਦੋਂ ਇਹ ਵੱਖ-ਵੱਖ ਸੂਬਿਆਂ ਤੋਂ ਆਏ ਹੋਏ ਰੈਫਰੀ ਤੇ ਜੱਜ ਖਿਡਾਰੀਆਂ ਨੂੰ ਗਤਕੇ ਦੇ ਨਿਯਮਾਂ ਤੋਂ ਜਾਣੂ ਕਰਾਉਣਗੇ ਤਾਂ ਇਸ ਖੇਡ ਨੂੰ ਹੋਰ ਵਧਾਵਾ ਮਿਲੇਗਾ। ਗਤਕਾ ਫੈਡਰੇਸ਼ਨ ਦੇ ਜਨਰਲ ਸਕੱਤਰ ਬਲਜਿੰਦਰ ਸਿੰਘ ਤੂਰ ਨੇ ਦੱਸਿਆ ਕਿ ਗਤਕਾ ਫੈਡਰੇਸ਼ਨ ਆਫ ਇੰਡੀਆ 2008 ਤੋਂ ਸਿੱਖਾਂ ਦੀ ਵਿਰਾਸਤੀ ਖੇਡ ਗਤਕਾ ਨੂੰ ਇੱਕ ਪ੍ਰੋਫੈਸ਼ਨਲ ਖੇਡ ਦੇ ਰੂਪ ਵਿੱਚ ਪ੍ਰਫੁੱਲਤ ਕਰਨ ਲਈ ਯਤਨਸ਼ੀਲ ਏ ਅਤੇ ਉਸਦੇ ਯਤਨਾਂ ਸਦਕਾ ਇਸ ਖੇਡ ਨੂੰ ਭਾਰਤ ਸਰਕਾਰ ਵੱਲੋਂ ਖੇਲੋ ਇੰਡੀਆ ਅਤੇ ਕੌਮੀ ਖੇਡਾਂ ਵਰਗੇ ਵੱਡੇ ਮੰਚ ਉੱਤੇ ਮਾਨਤਾ ਦਿੱਤੀ ਗਈ ਏ । ਉਨ੍ਹਾਂ ਦੱਸਿਆ ਕਿ ਇਸ ਖੇਡ ਦੀਆਂ ਬਾਰੀਕੀਆਂ ਤੋਂ ਜਾਣੂ ਕਰਵਾਉਣਾ ਹੀ ਇਸ ਕੈਂਪ ਦਾ ਮੁੱਖ ਮਕਸਦ ਏ ।

-------------------------------------------------------

ਸ਼ਹੀਦ ਸੰਤ ਸ਼੍ਰੀ ਹਰਚੰਦ ਸਿੰਘ ਲੌਂਗੋਵਾਲ ਦੀ ਬਰਸੀ ਮੌਕੇ ਕਲ 20 ਅਗਸਤ ਨੂੰ ਜ਼ਿਲ੍ਹਾ ਸੰਗਰੂਰ ਵਿੱਚ ਛੁੱਟੀ ਦਾ ਐਲਾਨ ਕੀਤਾ ਗਿਆ ਏ। ਸੰਗਰੂਰ ਦੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਵੱਲੋਂ ਜਾਰੀ ਇਨ੍ਹਾਂ ਹੁਕਮਾਂ ਅਨੁਸਾਰ ਸ਼ਹੀਦ ਸੰਤ ਸ਼੍ਰੀ ਹਰਚੰਦ ਸਿੰਘ ਲੌਂਗੋਵਾਲ ਜੀ ਦੀ ਬਰਸੀ ਮੌਕੇ ਸ਼ਰਧਾਂਜਲੀ ਭੇਂਟ ਕਰਨ ਲਈ ਸਤਿਕਾਰ ਵਜੋਂ ਨੈਗੋਸ਼ੀਏਬਲ ਇੰਸਟਰੂਮੈਂਟ ਐਕਟ 1881 ਦੀ ਧਾਰਾ 25 ਤਹਿਤ ਜ਼ਿਲ੍ਹਾ ਸੰਗਰੂਰ ਦੇ ਸਰਕਾਰੀ, ਅਰਧ ਸਰਕਾਰੀ ਦਫ਼ਤਰਾਂ, ਸਰਕਾਰੀ, ਪ੍ਰਾਈਵੇਟ ਸਕੂਲਾਂ, ਕਾਲਜਾਂ, ਯੂਨੀਵਰਸਿਟੀ, ਵਿੱਦਿਅਕਅਦਾਰਿਆਂ, ਸਰਕਾਰੀ, ਪ੍ਰਾ ਈਵੇਟ ਦਫਤਰਾਂ, ਬੈਂਕਾਂ ਆਦਿ ਵਿੱਚ ਕਲ ਦੀ ਛੁੱਟੀ ਐਲਾਨ ਕੀਤੀ ਗਈ ਏ । ਉਨ੍ਹਾਂ ਕਿਹਾ ਕਿ ਜਿਹੜੇ ਵਿਦਿਅਕ ਅਦਾਰੇ, ਯੂਨੀਵਰਸਿਟੀ, ਬੋਰਡਾਂ, ਸਕੂਲਾਂ, ਕਾਲਜਾਂ ਵਿੱਚ ਪ੍ਰੀਖਿਆ ਚੱਲ ਰਹੀ ਏ , ਉਨ੍ਹਾਂ ‘ਤੇ ਇਹ ਹੁਕਮ ਲਾਗੂ ਨਹੀਂ ਹੋਣਗੇ।

-------------------------------------------------------

ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਇਸ ਸਾਲ 29 ਅਤੇ 30 ਜੁਲਾਈ

ਨੂੰ 10ਵੀਂ ਜਮਾਤ ਦੀ ਵਾਧੂ ਵਿਸ਼ਾ ਪੰਜਾਬੀ ਦੀ ਪ੍ਰੀਖਿਆ ਲਈ ਗਈ ਸੀ, ਜਿਸਦਾ ਨਤੀਜਾ ਬੋਰਡ ਦੀ ਵੈਬਸਾਈਟ .pseb.ac.in 'ਤੇ ਕਲ ਬਾਅਦ ਦੁਪਹਿਰ ਐਲਾਨਿਆ ਜਾਵੇਗਾ। ਸਬੰਧਤ ਪ੍ਰੀਖਿਆਰਥੀ ਬੋਰਡ ਦੀ ਵੈਬਸਾਈਟ ਤੇ ਆਪਣਾ ਨਤੀਜਾ ਵੇਖ ਸਕਦੇ ਨੇ।ਪੰਜਾਬ ਸਕੂਲ ਸਿੱਖਿਆ ਬੋਰਡ ਦਫਤਰ ਨੇ ਇਕ ਪ੍ਰੈਸ ਨੋਟ ਜਾਰੀ ਕਰਕੇ ਇਹ ਜਾਣਕਾਰੀ ਦਿਤੀ ਏ।

---------------------------------------------------------

**ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਕੇਂਦਰੀ ਖਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਨੇ ਅੱਜ ਨਵੀਂ ਦਿੱਲੀ ਵਿਖੇ, ਜਨਤਕ ਖੇਤਰ ਦੇ ਬੈਂਕਾਂ ਦੀ ਕਾਰਗੁਜ਼ਾਰੀ ਬਾਰੇ ਇੱਕ ਸਮੀਖਿਆ ਮੀਟਿੰਗ ਕੀਤੀ।
- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ, ਪੁਲਿਸ ਕਲੀਰੈਂਸ ਸਰਟੀਫਿਕੇਟ ਜਾਰੀ ਕਰਨ ਵਿਚ ਤੇਜ਼ੀ ਲਿਆਉਣ ਅਤੇ ਵਿਦੇਸ਼ਾਂ ਵਿਚ ਫਸੇ ਪੰਜਾਬੀਆਂ ਦੀ ਵਾਪਸੀ ਲਈ, ਖੇਤਰੀ ਪਾਸਪੋਰਟ ਦਫਤਰਾਂ ਨੂੰ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ।

- ਪੰਜਾਬ ਸਰਕਾਰ ਵੱਲੋਂ ਅੱਜ ਤੋਂ 23 ਅਗਸਤ ਤੱਕ ਨਗਰ ਕੌਂਸਲਾਂ ਤੇ ਨਗਰ ਪੰਚਾਇਤ ਵਿਖੇ, ਵਿਸ਼ੇਸ਼ ਸਫਾਈ ਮੁਹਿੰਮ ਚਲਾਈ ਜਾ ਰਹੀ ਏ।
- ਭੈਣ-ਭਰਾ ਦੇ ਪਿਆਰ ਦਾ ਪ੍ਰਤੀਕ, ਰੱਖੜੀ ਦਾ ਤਿਉਹਾਰ, ਅੱਜ ਪੰਜਾਬ ਸਮੇਤ ਦੇਸ਼ ਭਰ 'ਚ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ - ਸੂਬੇ ਵਿਚ ਵੱਖ ਵੱਖ ਸਮਾਗਮ ਕਰਵਾਏ ਗਏ।